# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਸੱਭਿਆਚਾਰਕ ਭਿੰਨਤਾ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪੈਦਾ ਹੋਣ ਵਾਲੇ TEXTILE ਤੋਂ ਝਲਕਦੀ ਏ ।
- ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਹੋਈ ਭਗਦੜ ਦੀ ਘਟਨਾ ਦੀ ਉੱਚ- ਪੱਧਰੀ ਜਾਂਚ ਸ਼ੁਰੂ ਹੋ ਗਈ ਏ.
- ਅਮਰੀਕਾ ਤੋਂ 100 ਤੋਂ ਵੱਧ ਗੈਰ-ਕਾਨੂੰਨੀ ਪ੍ਰਵਾਸੀ ਭਾਰਤੀਆਂ ਨੂੰ ਲੈ ਕੇ, ਇੱਕ ਹੋਰ ਉਡਾਣ ਦੇ ਅੱਜ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰਨ ਦੀ ਸੰਭਾਵਨਾ ਏ। ਇਨ੍ਹਾਂ ਵਿੱਚ, 30 ਦੇ ਕਰੀਬ ਪੰਜਾਬ ਤੋਂ ਤੇ ਬਾਕੀ ਵਖ – ਵਖ ਰਾਜਾਂ ਤੋਂ ਨੇ.
- ਭਾਜਪਾ ਦੇ ਸ਼ਡਿਊਲਡ ਕਾਸਟ ਮੋਰਚਾ ਦੇ ਕੌਮੀ ਪ੍ਰਧਾਨ, ਲਾਲ ਸਿੰਘ ਆਰੀਆ ਨੇ ਪੰਜਾਬ ਦੇ ਨੌਜਵਾਨਾਂ ਨੂੰ ਗ਼ੈਰ-ਕਾਨੂੰਨੀ ਢੰਗ

ਨਾਲ ਵਿਦੇਸ਼ਾਂ ‘ਚ ਭੇਜ ਰਹੇ ਟਰੈਵਲ ਏਜੰਟਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਏ.

- ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਮਮੂਨ ਤੋਂ ਮਾਧੋਪੁਰ ਤੱਕ ਡਿਫੈਂਸ ਸੜਕ ਨੂੰ ਚੌੜਾ ਤੇ ਮਜ਼ਬੂਤ ਕਰਨ ਦੇ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ.
- ਨਸ਼ਾ ਮੁਕਤ ਸਮਾਜ ਪ੍ਰਤੀ ਵਚਨਬੱਧਤਾ ਦੇ ਸੰਬੰਧ’ਚ, ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ NCC ਕੈਡਿਟਾਂ ਵੱਲੋਂ ਅੱਜ ਨਸ਼ਾਖੋਰੀ ਖਿਲਾਫ਼ ਇੱਕ ਜਾਗਰੂਕਤਾ ਰੈਲੀ ਕੱਢੀ ਗਈ.

----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਸੱਭਿਆਚਾਰਕ ਭਿੰਨਤਾ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪੈਦਾ ਹੋਣ ਵਾਲੇ ਤਿਆਰ ਕਪੜੇ ਜਾਂ TEXTILE ਤੋਂ ਝਲਕਦੀ ਏ । ਅੱਜ ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿਖੇ ਭਾਰਤ ਟੈਕਸ 2025 ਵਿੱਚ ਇੱਕਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਖੇਤ, ਰੇਸ਼ਾ, ਕਪੜਾ, ਫੈਸ਼ਨ ਅਤੇ ਵਿਦੇਸ਼ ਦਾ ਦ੍ਰਿਸ਼ਟੀਕੋਣ ਇੱਕ ਮਿਸ਼ਨ ਬਣ ਗਿਆ ਏ ਜੋ ਭਾਰਤ ਦੇ ਵਿਕਾਸ ਦੇ ਖੇਤਰਾਂ ਨੂੰ ਵਧਾ ਰਿਹਾ ਏ । ਉਨ੍ਹਾਂ ਕਿਹਾ ਕਿ ਭਾਰਤ ਅੱਜ ਛੇਵਾਂ ਸਭ ਤੋਂ ਵੱਡਾ ਟੈਕਸਟਾਈਲ ਅਤੇ ਕੱਪੜਾ ਬਰਾਮਦਕਾਰ ਏ । ਉਨ੍ਹਾਂ

ਕਿਹਾ ਕਿ ਟੈਕਸਟਾਈਲ ਸੈਕਟਰ ਵਿੱਚ ਭਾਰਤ ਦੀਆਂ ਬਰਾਮਦਾਂ ਇਸ ਸਮੇਂ ਤਿੰਨ ਲੱਖ ਕਰੋੜ ਰੁਪਏ ਨੇ ਅਤੇ 2030 ਤੱਕ 9 ਲੱਖ ਕਰੋੜ ਰੁਪਏ ਤੱਕ ਪਹੁੰਚਣ ਦਾ ਟੀਚਾ ਏ। ਪ੍ਰਧਾਨ ਮੰਤਰੀ ਨੇ ਨੁਮਾਇਸ਼ ਵਾਲੇ ਖੇਤਰ ਦਾ ਵੀ ਦੌਰਾ ਕੀਤਾ ਅਤੇ ਨੁਮਾਇਸ਼ ਲਾਉਣ ਵਾਲਿਆਂ ਨਾਲ ਗੱਲਬਾਤ ਕੀਤੀ।

---------------------------------------------------------------

ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਹੋਈ ਭਗਦੜ ਦੀ ਘਟਨਾ ਦੀ ਉੱਚ-ਪੱਧਰੀ ਜਾਂਚ ਸ਼ੁਰੂ ਹੋ ਗਈ ਏ. ਉੱਤਰ ਰੇਲਵੇ ਦੇ ਮੁੱਖ ਲੋਕ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਯ ਨੇ ਦੱਸਿਆ ਕਿ ਇਸ ਭਗਦੜ ਵਿਚ 18 ਲੋਕਾਂ ਦੀ ਮੌਤ ਹੋ ਗਈ ਅਤੇ 13 ਹੋਰ ਜ਼ਖਮੀ ਹੋਏ ਨੇ. ਸ਼੍ਰੀ UPADHYAY ਨੇ ਕਿਹਾ ਕਿ ਘਟਨਾ ਦੀ ਜਾਂਚ ਲਈ ਉੱਚ ਪਧਰੀ ਕਮੇਟੀ ਦਾ ਗਠਨ ਕੀਤਾ ਗਿਆ ਏ। ਉਨ੍ਹਾਂ ਨੇ ਕਿਹਾ ਕਿ ਹਾਦਸੇ ਦੇ ਸ਼ਿਕਾਰ ਪੀੜਿਤਾਂ ਲਈ ਰੇਲਵੇ ਮੰਤਰਾਲੇ ਨੇ ਮੁਆਵਜ਼ੇ ਦਾ ਐਲਾਨ ਕੀਤਾ ਏ. ਇਸ ਮੁਤਾਬਿਕ ਮ੍ਰਿਤਕਾਂ ਦੇ ਵਾਰਿਸਾਂ ਨੂੰ ਦਸ-ਦਸ ਲੱਖ, ਗੰਭੀਰ ਰੂਪ'ਚ ਜ਼ਖਮੀ ਹੋਏ ਲੋਕਾਂ ਨੂੰ ਢਾਈ-ਢਾਈ ਲੱਖ ਰੁਪਏ ਅਤੇ ਮਾਮੂਲੀ ਰੂਪ 'ਚ ਜ਼ਖਮੀ ਹੋਏ ਲੋਕਾਂ ਨੂੰ ਇੱਕ-ਇੱਕ ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਗਿਆ। ਜ਼ਖਮੀਆਂ ਨੂੰ ਨਵੀਂ ਦਿੱਲੀ ਦੇ ਲੋਕ ਨਰਾਇਣ ਜੈ ਪ੍ਰਕਾਸ਼

ਹਸਪਤਾਲ 'ਚ ਦਾਖਿਲ ਕਰਾਇਆ ਗਿਆ ਏ. ਹਸਪਤਾਲ ਦੇ ਹੈਲਪਲਾਈਨ ਨੰਬਰ ਨੇ- 9873 - 6170 - 28 ਅਤੇ 011-2350- 1207

------------------------------------------------------------

ਅਮਰੀਕਾ ਤੋਂ 100 ਤੋਂ ਵੱਧ ਗੈਰ-ਕਾਨੂੰਨੀ ਪ੍ਰਵਾਸੀ ਭਾਰਤੀਆਂ ਨੂੰ ਲੈ ਕੇ, ਇੱਕ ਹੋਰ ਉਡਾਣ ਦੇ ਅੱਜ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰਨ ਦੀ ਸੰਭਾਵਨਾ ਏ। ਹਲਕਿਆਂ ਮੁਤਾਬਕ, ਇਨ੍ਹਾਂ ਵਿੱਚ, 30 ਦੇ ਕਰੀਬ ਪੰਜਾਬ ਤੋਂ ਨੇ ਅਤੇ ਬਾਕੀ ਹਰਿਆਣਾ, ਗੁਜਰਾਤ, ਉੱਤਰ ਪ੍ਰਦੇਸ਼, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਨੇ। 24 ਘੰਟਿਆਂ ਦੇ ਅੰਦਰ ਇਹ ਦੂਜੀ ਅਤੇ ਪਿਛਲੇ 10 ਦਿਨਾਂ ਵਿੱਚ, ਇਹ ਤੀਜੀ ਉਡਾਣ ਏ, ਜੋ ਗੈਰ-ਕਾਨੂੰਨੀ ਤਰੀਕਿਆਂ ਨਾਲ, ਅਮਰੀਕਾ ਵਿੱਚ ਦਾਖਲ ਹੋਏ ਭਾਰਤੀਆਂ ਨੂੰ ਵਾਪਸ ਲੈ ਕੇ ਆ ਰਹੀ ਏ। ਇਹ ਅਮਰੀਕੀ ਇਮੀਗ੍ਰੇਸ਼ਨ ਅਧਿਕਾਰੀਆਂ ਵਲੋਂ ਗੈਰ-ਕਾਨੂੰਨੀ ਤੌਰ 'ਤੇ ਦੇਸ਼ ਵਿੱਚ ਦਾਖਲ ਹੋਏ ਜਾਂ ਆਪਣੇ ਵੀਜ਼ਿਆਂ ਤੋਂ ਵੱਧ ਠਹਿਰਣ ਵਾਲੇ, ਵਿਅਕਤੀਆਂ ਵਿਰੁੱਧ ਜਾਰੀ ਕਾਰਵਾਈ ਦਾ ਹਿੱਸਾ ਏ।

------------------------------------------------------------

ਭਾਜਪਾ ਦੇ ਸ਼ਡਿਊਲਡ ਕਾਸਟ ਮੋਰਚਾ ਦੇ ਕੌਮੀ ਪ੍ਰਧਾਨ, ਲਾਲ ਸਿੰਘ ਆਰੀਆ ਨੇ ਉਨ੍ਹਾਂ ਟਰੈਵਲ ਏਜੰਟਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਏ ਜੋ ਲੱਖਾਂ ਰੁਪਏ ਵਸੂਲ ਕੇ ਪੰਜਾਬ ਦੇ ਨੌਜਵਾਨਾਂ ਨੂੰ ਗ਼ੈਰ-

ਕਾਨੂੰਨੀ ਢੰਗ ਨਾਲ ਵਿਦੇਸ਼ਾਂ ਵਿੱਚ ਭੇਜ ਰਹੇ ਨੇ. ਕੇਂਦਰ ਸਰਕਾਰ ਵੱਲੋਂ ਮੌਜੂਦਾ ਬਜਟ ਵਿੱਚ ਮੱਧ ਵਰਗ ਲਈ ਐਲਾਨੇ ਗਏ ਵੱਖ-ਵੱਖ ਲਾਭਾਂ ਬਾਰੇ ਅੱਜ ਜਲੰਧਰ ਵਿੱਚ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਆਰੀਆ ਨੇ ਕਿਹਾ ਕਿ, ਭਗਵੰਤ ਸਿੰਘ ਮਾਨ ਸਰਕਾਰ ਨੂੰ ਅਜਿਹੇ ਏਜੰਟਾਂ ਖ਼ਿਲਾਫ਼ ਕਾਰਵਾਈ ਕਰਨੀ ਚਾਹੀਦੀ ਏ ਜੋ ਪੰਜਾਬ ਦੇ ਭੋਲੇ-ਭਾਲੇ ਨੌਜਵਾਨਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਮੋਟੀਆਂ ਰਕਮਾਂ ਵਸੂਲ ਕੇ ਵਿਦੇਸ਼ਾਂ ਵਿੱਚ ਭੇਜ ਰਹੇ ਨੇ. ਗੈਰ – ਕਾਨੂਨੀ ਤੌਰ ‘ਤੇ ਵਿਦੇਸ਼ ਗਏ, ਭਾਰਤੀ ਪ੍ਰਵਾਸੀਆਂ ਨੂੰ ਦੇਸ਼ ਵਾਪਿਸ ਭੇਜੇ ਜਾਣ ਦੇ ਸਵਾਲ 'ਤੇ ਆਰੀਆ ਨੇ ਕਿਹਾ ਕਿ ਹਰ ਦੇਸ਼ ਦੇ ਆਪਣੇ ਕਾਨੂੰਨ ਨੇ ਅਤੇ ਅਮਰੀਕਾ ਸਿਰਫ਼ ਗ਼ੈਰ-ਕਾਨੂੰਨੀ ਪ੍ਰਵਾਸੀਆਂ ਖ਼ਿਲਾਫ਼ ਕਾਰਵਾਈ ਕਰ ਰਿਹਾ ਏ ਨਾ ਕਿ ਉਨ੍ਹਾਂ ਭਾਰਤੀਆਂ ਖ਼ਿਲਾਫ਼ ਜੋ ਉੱਥੇ ਕਾਨੂੰਨੀ ਤੌਰ ’ਤੇ ਰਹਿ ਰਹੇ ਨੇ-BYTE -ਮੌਜੂਦਾ ਬਜਟ 'ਤੇ ਸ੍ਰੀ ਆਰੀਆ ਨੇ ਕਿਹਾ ਕਿ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ 'ਚ ਦੇਸ਼ ਦੇ ਵਿਕਾਸ ਅਤੇ ਮਜ਼ਬੂਤੀ ਲਈ ਬਜਟ ਪੇਸ਼ ਕੀਤਾ ਏ । ਇਸਨੇ ਮੱਧ ਵਰਗ ਅਤੇ ਤਨਖਾਹਦਾਰ ਲੋਕਾਂ ਦੇ ਨਾਲ-ਨਾਲ ਔਰਤਾਂ ਦੇ ਸ਼ਕਤੀਕਰਨ ਦਾ ਵੀ ਧਿਆਨ ਰੱਖਿਆ ਏ – BYTE -

-----------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਮਮੂਨ ਤੋਂ ਮਾਧੋਪੁਰ ਤੱਕ ਡਿਫੈਂਸ ਸੜਕ ਨੂੰ ਚੌੜਾ ਤੇ ਮਜ਼ਬੂਤ ਕਰਨ ਦੇ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ. 16 ਕਿਲੋਮੀਟਰ ਲੰਮੀ ਇਹ ਸੜਕ 10 ਕਰੋੜ 9 ਲੱਖ ਰੁਪਏ ਦੀ ਲਾਗਤ ਨਾਲ ਰਿਕਾਰਡ ਸਮੇਂ ਵਿੱਚ ਤਿਆਰ ਕੀਤੀ ਜਾਵੇਗੀ। ਇਸ ਸੜਕ ਦੀ ਚੌੜਾਈ ਪਹਿਲਾਂ 23 ਫੁੱਟ ਸੀ ਜਿਸ ਨੂੰ ਹੁਣ ਵਧਾ ਕੇ 33 ਫੁੱਟ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਹਰ ਖੇਤਰ ਵਿੱਚ ਵੱਡੇ ਪ੍ਰਾਜੈਕਟ ਉਲੀਕੇ ਗਏ ਨੇ. ਉਨ੍ਹਾਂ ਕਿਹਾ ਕਿ ਮਮੂਨ ਤੋਂ ਮਾਧੋਪੁਰ ਡਿਫੈਂਸ ਰੋਡ 'ਤੇ ਆਵਾਜਾਈ ਵਧੇਰੇ ਹੋਣ ਕਰਕੇ ਇਥੇ ਭਿਆਨਕ ਹਾਦਸੇ ਵਾਪਰ ਰਹੇ ਸਨ ਅਤੇ ਕਈ ਜਾਨਾਂ ਚਲੀਆਂ ਗਈਆਂ ਜਿਸ ਕਾਰਨ ਇਸ ਸੜਕ ਨੂੰ ਚੌੜਾ ਅਤੇ ਮਜ਼ਬੂਤ ਕਰਨ ਦੀ ਮੰਗ ਉਠ ਰਹੀ ਸੀ। ਇਸ ਸੜਕ ਦੇ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਤੋਂ ਇਲਾਵਾ ਮਮੂਨ ਕੈਂਟ ਜਿੱਥੇ ਸਾਡੀ ਆਰਮੀ ਮੌਜੂਦ ਹੈ, ਉਸ ਨੂੰ ਵੀ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਪਠਾਨਕੋਟ ਜ਼ਿਲ੍ਹੇ ਵਿੱਚ ਇਹ ਸੜਕ ਸਭ ਤੋਂ ਚੌੜੀ ਹੋਵੇਗੀ।

-----------------------------------------------------------------------

ਪਟਿਆਲਾ ਵਿਚ ਚਲ ਰਹੇ ਹੈਰੀਟੇਜ ਫੈਸਟੀਵਲ 2025 ਤਹਿਤ

ਖ਼ਾਲਸਾ ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਤੀਜੀ ਵਾਰ ਸਫ਼ਲਤਾ ਨਾਲ ਕਰਵਾਏ ਗਏ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ ਨੇ ਫ਼ੌਜੀ ਸ਼ਾਨ-ਓ-ਸ਼ੌਕਤ ਨਾਲ ਆਮ ਲੋਕਾਂ ਨੂੰ ਮਿਲਟਰੀ ਇਤਿਹਾਸ ਤੋਂ ਵਾਕਫ਼ ਕਰਵਾਇਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਫ਼ੌਜ ਤੇ ਫ਼ੌਜੀ ਇਤਿਹਾਸ ਦੇ ਗੌਰਵ ਬਾਰੇ ਜਾਣੂ ਕਰਵਾਉਣ ਲਈ ਇਹ ਮੇਲੇ ਕਰਵਾਏ ਜਾ ਰਹੇ ਨੇ. ਮਿਲਟਰੀ ਲਿਟਰੇਚਰ ਦੀ ਗੱਲ ਕਰਦਿਆਂ ਓਹਨਾਂ ਕਿਹਾ ਕਿ ਅਮਨ-ਸ਼ਾਂਤੀ ਲਈ ਜੰਗ ਵਾਸਤੇ ਹਥਿਆਰਬੰਦ ਤਿਆਰੀ ਜ਼ਰੂਰੀ ਏ ਪਰ ਅੱਜ ਆਲਮੀ ਪੱਧਰ 'ਤੇ ਹਰ ਮੁਲਕ ਵੱਲੋਂ ਅਜਿਹੇ ਕਦਮ ਉਠਾਏ ਜਾਣ ਦੀ ਵੀ ਲੋੜ ਏ ਜਿਸ ਨਾਲ ਦੇਸ਼ਾਂ 'ਚ ਚੰਗੇ ਮਾਹੌਲ, ਤਰੱਕੀ ਤੇ ਵਿਕਾਸ ਲਈ ਅਮਨ-ਸ਼ਾਂਤੀ ਕਾਇਮ ਰਹੇ- BYTE ਸਿਹਤ ਮੰਤਰੀ ਨੇ ਸਮਾਗਮ ਦੌਰਾਨ 'ਓਪਰੇਸ਼ਨ ਰਕਸ਼ਕ' 'ਚ ਪਟਿਆਲਾ ਜ਼ਿਲ੍ਹੇ ਦੇ ਸ਼ਹੀਦ ਹੋਏ ਫ਼ੌਜੀਆਂ ਦੀਆਂ ਪਤਨੀਆਂ-ਵੀਰ ਨਾਰੀਆਂ ਦਾ ਸਨਮਾਨ ਕਰਦਿਆਂ ਆਲਮੀ ਜੰਗਾਂ ਦੇ ਹਵਾਲੇ ਨਾਲ ਕਿਹਾ ਕਿ ਲੜਾਈਆਂ ਪਿੱਛੇ ਕੇਵਲ ਸਿਆਸੀ ਕਾਰਨ ਹੁੰਦੇ ਨੇ ਪਰ ਅਸੀਂ ਨਹੀਂ ਚਾਹੁੰਦੇ ਕਿ ਸਾਡੇ ਨੌਜਵਾਨ ਸਰਹੱਦਾਂ 'ਤੇ ਸ਼ਹੀਦ ਹੋਣ। ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਚੇਅਰਮੈਨ ਲੈਫਟੀਨੈਂਟ

ਜਨਰਲ ਟੀ.ਐਸ. ਸ਼ੇਰਗਿੱਲ ਨੇ ਕਿਹਾ ਕਿ ਪੰਜਾਬ, ਦੇਸ਼ ਦੀ ਸਦੀਆਂ ਤੋਂ ਖੜਗਭੁਜਾ ਰਿਹਾ ਏ ਤੇ ਸਾਨੂੰ ਆਪਣੇ ਇਸ ਖੂਨ ਭਿੱਜੇ ਵਿਰਸੇ ਉਪਰ ਮਾਣ ਹੋਣਾ ਚਾਹੀਦਾ ਏ। ਪਟਿਆਲਾ ਹੈਰੀਟੇਜ਼ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਦੀ ਸਮਾਪਤੀ ਮੌਕੇ ਬੁੱਢਾ ਦਲ ਨਿਹੰਗ ਸਿੰਘ ਜਥੇਬੰਦੀ ਦੇ ਘੋੜਸਵਾਰਾਂ ਨੇ ਘੋੜਿਆਂ ਕਰਤਬ ਅਤੇ ਗਤਕੇ ਦੇ ਜੌਹਰ ਦਿਖਾਏ। ਪੀ.ਪੀ.ਐਸ. ਨਾਭਾ ਸਕੂਲ ਦੇ ਵਿਦਿਆਰਥੀਆਂ ਨੇ ਵੀ ਜਾਂਬਾਜ ਖੇਡ ਘੋੜਸਵਾਰੀ ਦੇ ਕਰਤੱਬ ਦਿਖਾਏ। ਭਾਰਤੀ ਫੌਜ ਦੇ ਇਤਿਹਾਸ ਸਮੇਤ ਜੋਸ਼ ਤੇ ਜਜ਼ਬੇ ਨੂੰ ਦਰਸਾਉਂਦੀਆਂ ਫ਼ਿਲਮਾਂ, ਬੈਂਡ ਵਿਖਾਲੇ, ਜਜ਼ਬੇ ਅਤੇ ਬਹਾਦਰੀ ਦਾ ਵਰਨਣ, ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਨੁਮਾਇਸ਼ ਵੀ ਲਾਈ ਗਈ.

---------------------------------------------------------------

ਨਸ਼ਾ ਮੁਕਤ ਸਮਾਜ ਪ੍ਰਤੀ ਵਚਨਬੱਧਤਾ ਦੇ ਸੰਬੰਧ'ਚ, ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ NCC ਕੈਡਿਟਾਂ ਵੱਲੋਂ ਅੱਜ ਨਸ਼ਾਖੋਰੀ ਖਿਲਾਫ਼ ਇੱਕ ਜਾਗਰੂਕਤਾ ਰੈਲੀ ਕੱਢੀ ਗਈ. ਰੈਲੀ ਦਾ ਉਦੇਸ਼ ਨੌਜਵਾਨਾਂ ਅਤੇ ਜਨਤਾ ਨੂੰ ਨਸ਼ੇ ਦੇ ਖ਼ਤਰਿਆਂ ਬਾਰੇ ਜਾਗਰੂਕ ਕਰਨਾ ਅਤੇ ਇੱਕ ਸਿਹਤਮੰਦ, ਨਸ਼ਾ ਮੁਕਤ ਜੀਵਨ- ਜਾਚ ਨੂੰ ਉਤਸ਼ਾਹਿਤ ਕਰਨਾ ਸੀ। ਇਹ ਰੈਲੀ ਲਾਇਲਪੁਰ ਖਾਲਸਾ ਕਾਲਜ ਜਲੰਧਰ ਤੋਂ ਸ਼ੁਰੂ ਹੋ ਕੇ P.A.P Chowk ਤਕ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ

ਖ਼ਤਰਿਆਂ ਬਾਰੇ ਜਾਗਰੂਕਤਾ ਫੈਲਾਉਂਦੀ ਹੋਈ ਵਾਪਿਸ ਕਾਲਜ ਵਿੱਚ ਖ਼ਤਮ ਹੋਈ। ਇਸ ਸਮਾਗਮ ਵਿੱਚ ਐਨਸੀਸੀ ਕੈਡਿਟਾਂ ਦੀ ਉਤਸ਼ਾਹ ਪੂਰਨ ਹਿੱਸੇਦਾਰੀ ਦੇਖਣ ਨੂੰ ਮਿਲੀ, ਜਿਨ੍ਹਾਂ ਨੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਮਾੜੇ ਪ੍ਰਭਾਵਾਂ 'ਤੇ ਜ਼ੋਰ ਦੇਣ ਵਾਲੇ ਬੈਨਰ, ਤੇ ਤਖ਼ਤੀਆਂ ਫੜੇ ਹੋਏ ਸਨ- NCC ਗਰੁੱਪ ਸਦਰਮੁਕਾਮ, ਜਲੰਧਰ ਦੀ ਅਗਵਾਈ ਹੇਠ ਹੋਈ ਇਸ ਰੈਲੀ ਨੂੰ ਗਰੁੱਪ ਕਮਾਂਡਰ ਬ੍ਰਿਗੇਡੀਅਰ ਅਜੇ ਤਿਵਾੜੀ ਨੇ ਸੰਬੋਧਨ ਕੀਤਾ ਤੇ ਕਿਹਾ ਕਿ ਇਹ ਰੈਲੀ ਸਿਰਫ਼ ਇੱਕ ਮਾਰਚ ਨਹੀਂ ਸਗੋਂ ਇਹ ਸਮਾਜ ਨੂੰ ਇੱਕ ਸੁਨੇਹਾ ਏ ਕਿ ਨੌਜਵਾਨਾਂ ਨੂੰ ਨਸ਼ਿਆਂ ਦੇ ਖ਼ਤਰੇ ਖਿਲਾਫ਼ ਸਟੈਂਡ ਲੈਣਾ ਚਾਹੀਦਾ ਏ।

------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਸੱਭਿਆਚਾਰਕ ਭਿੰਨਤਾ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪੈਦਾ ਹੋਣ ਵਾਲੇ TEXTILE ਤੋਂ ਝਲਕਦੀ ਏ।
- ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਹੋਈ ਭਗਦੜ ਦੀ ਘਟਨਾ ਦੀ ਉੱਚ- ਪੱਧਰੀ ਜਾਂਚ ਸ਼ੁਰੂ ਹੋ ਗਈ ਏ.
- ਅਮਰੀਕਾ ਤੋਂ 100 ਤੋਂ ਵੱਧ ਗੈਰ-ਕਾਨੂੰਨੀ ਪ੍ਰਵਾਸੀ ਭਾਰਤੀਆਂ ਨੂੰ ਲੈ ਕੇ, ਇੱਕ ਹੋਰ ਉਡਾਣ ਦੇ ਅੱਜ ਰਾਤ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰਨ ਦੀ

ਸੰਭਾਵਨਾ ਏ। ਇਨ੍ਹਾਂ ਵਿੱਚ, 30 ਦੇ ਕਰੀਬ ਪੰਜਾਬ ਤੋਂ ਤੇ ਬਾਕੀ ਵਖ – ਵਖ ਰਾਜਾਂ ਤੋਂ ਨੇ.

- ਭਾਜਪਾ ਦੇ ਸ਼ਡਿਊਲਡ ਕਾਸਟ ਮੋਰਚਾ ਦੇ ਕੌਮੀ ਪ੍ਰਧਾਨ, ਲਾਲ ਸਿੰਘ ਆਰੀਆ ਨੇ ਪੰਜਾਬ ਦੇ ਨੌਜਵਾਨਾਂ ਨੂੰ ਗ਼ੈਰ-ਕਾਨੂੰਨੀ ਢੰਗ ਨਾਲ ਵਿਦੇਸ਼ਾਂ ‘ਚ ਭੇਜ ਰਹੇ ਟਰੈਵਲ ਏਜੰਟਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਏ.
- ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਮਮੂਨ ਤੋਂ ਮਾਧੋਪੁਰ ਤੱਕ ਡਿਫੈਂਸ ਸੜਕ ਨੂੰ ਚੌੜਾ ਤੇ ਮਜ਼ਬੂਤ ਕਰਨ ਦੇ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ.
- ਨਸ਼ਾ ਮੁਕਤ ਸਮਾਜ ਪ੍ਰਤੀ ਵਚਨਬੱਧਤਾ ਦੇ ਸੰਬੰਧ’ਚ, ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ NCC ਕੈਡਿਟਾਂ ਵੱਲੋਂ ਅੱਜ ਨਸ਼ਾਖੋਰੀ ਖਿਲਾਫ਼ ਇੱਕ ਜਾਗਰੂਕਤਾ ਰੈਲੀ ਕੱਢੀ ਗਈ.